**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ**

ਮੀਮੋ ਨੰ. Transfer Cell/2023/322388/੫੬। ਮਿਤੀ: 19.06.2023

**ਜਨਤਕ ਸੂਚਨਾਂ**

**1.0** ਸਿੱਖਿਆ ਵਿਭਾਗ ਵਲੋਂ Teacher Transfer Policy 2019 ਅਤੇ ਉਸ ਉਪਰੰਤ ਪਾਲਿਸੀ ਵਿੱਚ ਸਮੇਂ ਸਮੇਂ ਤੇ ਹੋਈਆਂ ਸੋਧਾਂ ਤਹਿਤ ਪ੍ਰਾਪਤ ਪ੍ਰਤੀ ਬੇਨਤੀਆਂ ਦੇ ਅਧਾਰ ਤੇ ਵੱਖ-ਵੱਖ ਕਾਡਰ ਦੇ ਯੋਗ ਦਰਖਾਸਤਕਰਤਾਵਾਂ ਦੇ ਸਾਲ 2023 ਦੌਰਾਨ ਆਨਲਾਈਨ ਬਦਲੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ।

**2.0** ਵਿਭਾਗ ਵਲੋਂ ਜਿੰਨਾਂ ਅਧਿਆਪਕਾਂ/ਕਰਮਚਾਰੀਆਂ/ਕੰਪਿਊਟਰ ਫੈਕਲਟੀ ਦੇ ਬਦਲੀ ਦੇ ਹੁਕਮ ਆਨਲਾਈਨ ਵਿਧੀ ਸਾਫਟਵੇਅਰ ਰਾਹੀਂ ਸਿੱਖਿਆ ਵਿਭਾਗ ਵਲੋਂ ਜਾਰੀ ਕੀਤੇ ਗਏ ਹਨ ਅਤੇ ਉਹ ਆਪਣੀ ਬਦਲੀ ਰੱਦ ਕਰਵਾਉਣਾ ਚਾਹੁੰਦੇ ਹਨ, ਉਹਨਾਂ ਨੂੰ ਆਪਣੀ ਬਦਲੀ ਆਨਲਾਈਨ ਰੱਦ ਕਰਵਾਉਣ ਦਾ ਇੱਕ ਮੌਕਾ ਦਿੱਤਾ ਜਾਂਦਾ ਹੈ।

**3.0** ਜੇਕਰ ਕੋਈ ਅਧਿਆਪਕ/ਕਰਮਚਾਰੀ/ਕੰਪਿਊਟਰ ਫੈਕਲਟੀ ਬਦਲੀ ਰੱਦ ਕਰਵਾਉਣਾ ਚਾਹੁੰਦੇ ਹਨ ਅਤੇ ਉਹਨਾਂ ਦੇ ਪਿਛਲੇ ਸਕੂਲ ਭਾਵ ਜਿਥੋਂ ਬਦਲੀ ਹੋਈ ਹੈ, ਵਿਖੇ ਉਹਨਾਂ ਦੇ ਵਿਸੇ ਦੀ ਅਸਾਮੀ ਖਾਲੀ ਹੈ ਤਾਂ ਉਹ ਈ-ਪੰਜਾਬ ਸਕੂਲ ਪੋਰਟਲ ਤੇ ਲਾਗ ਇੰਨ ਕਰਕੇ Transfer Cancellation Link ਤੇ Click ਕਰਕੇ ਬਦਲੀ ਰੱਦ ਕਰਵਾਉਣ ਲਈ ਆਨਲਾਈਨ ਬੇਨਤੀ ਮਿਤੀ 19.06.2023 ਤੋਂ 20.06.2023 ਤੱਕ ਦੇ ਸਕਦੇ ਹਨ। ਇੱਥੇ ਇਹ ਸਪਸਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਅਧਿਆਪਕ/ਕਰਮਚਾਰੀ/ਕੰਪਿਊਟਰ ਫੈਕਲਟੀ ਨੇ ਬਦਲੀ ਰੱਦ ਕਰਵਾਉਣ ਲਈ ਦਰਖਾਸਤ ਮੁੱਖ ਦਫਤਰ ਵਿਖੇ ਦਿੱਤੀ ਹੋਈ ਹੈ ਅਤੇ ਉਹਨਾਂ ਦੀ ਬਦਲੀ ਰੱਦ ਨਹੀਂ ਹੋਈ ਤਾਂ ਉਹ ਆਨਲਾਈਨ ਵਿਧੀ ਰਾਹੀਂ ਆਪਣੀ ਬਦਲੀ ਰੱਦ ਕਰਵਾ ਸਕਦੇ ਹਨ। ਮਿਤੀ 20.06.2023 ਤੋਂ ਬਾਅਦ ਬਦਲੀ ਰੱਦ ਕਰਵਾਉਣ ਸਬੰਧੀ ਕਿਸੇ ਵੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

19.6.23

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)

Scanned with CamScanner